# ਬੱਚਿਆਂ ਲਈ ਮੁਫ਼ਤ ਚੈੱਕਅਪ ਕੈਂਪ ਲਗਾਇਆ

ਪੱਤਰ ਪ੍ਰੇਰਕ, ਮਾਨਸਾ : ਜਨ ਸੇਵਾ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਤਲਵੰਡੀ ਸਾਬੋ ਪਾਵਰ ਲਿਮ. ਬਣਾਂਵਾਲਾ ਵੱਲੋਂ ਸਰਕਾਰੀ ਹਾਈ ਸਕੂਲ ਰਹਿਲਾਂਵਾਲੀ ਤੇ ਬਣਾਂਵਾਲਾ ਵਿਖੇ ਫਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਇਸ ਮੌਕੇ ਹੈਲਥ ਸਟ੍ਰੀਟ ਹਸਪਤਾਲ ਬਠਿੰਡਾ ਦੇ ਡਾਕਟਰਾਂ ਦੀ ਟੀਮ ਨੇ ਬੱਚਿਆਂ ਦੀ ਸਿਹਤ ਦੀ ਜਾਂਚ ਕੀਤੀ ਤੇ ਉਨ੍ਹਾਂ ਨੂੰ ਗਰਮੀ ਦੇ ਮੌਸਮ ਵਿੱਚ ਸਿਹਤ ਸੰਭਾਲ ਸਬੰਧੀ ਜਾਗਰੂਕ ਕੀਤਾ ਤੇ ਡਾਕਟਰ ਉਮੇਸ਼ ਅਰੋੜਾ ਨੇ ਬੱਚਿਆਂ ਨੂੰ ਸਾਵਧਾਨੀਆਂ ਵਰਤਣ ਲਈ ਕਿਹਾ ਤੇ ਜ਼ਿਆਦਾ ਧੁੱਪ ਵਿੱਚ ਨਾ ਖੇਡਣ ਲਈ ਕਿਹਾ। ਇਸ ਮੌਕੇ ਉਨ੍ਹਾਂ ਸਾਰੇ ਬੱਚਿਆਂ ਦੀ ਸਰੀਰਕ ਜਾਂਚ ਕਰਕੇ ਦਵਾਈਆਂ ਦਿੱਤੀਆਂ। ਇਸ ਮੌਕੇ ਜਨ ਸੇਵਾ ਅਧਿਕਾਰੀ



ਪਿੰਡ ਰਹਿਲਾਂ ਵਾਲੀ ਵਿਖੇ ਬੱਚਿਆਂ ਦਾ ਚੈੱਕਅਪ ਕਰਦੇ ਹੋਏ ਡਾਕਟਰੀ ਟੀਮ

ਵਿਸ਼ਾਲ ਅਗਰਵਾਲ ਨੇ ਕਿਹਾ ਕਿ ਕੰਪਨੀ ਦਾ ਉਪਰਾਲਾ ਹੈ ਕਿ ਬਰਮਲ ਦੇ ਇਲਾਕੇ ਵਿੱਚ ਆਉਂਦੇ ਪਿੰਡਾਂ ਵਿੱਚ ਸਮੇਂ ਸਮੇਂ ਤੇ ਮੈਡੀਕਲ ਅਤੇ ਅੱਖਾਂ ਦੇ ਫਰੀ ਚੈੱਕਅਪ ਕੈਂਪ ਲਗਾ ਕੇ ਲੋਕਾਂ ਦੀ ਸੇਵਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਰਹਿਲਾਂਵਾਲੀ ਵਿਖੇ ਸਰਕਾਰੀ ਸਕੂਲ ਦੇ 60 ਬੱਚਿਆਂ ਅਤੇ ਬਣਾਂਵਾਲੀ ਵਿਖੇ 30 ਦਾ ਚੈੱਕਅਪ ਕਰਕੇ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਸਕੂਲ ਮੁੱਖੀ ਬਲਜਿੰਦਰ ਸਿੰਘ ਜੋੜਕੀਆਂ ਨੇ ਵੇਦਾਂਤਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਇਹ ਬਹੁਤ ਵਧੀਆ ਉਪਰਾਲਾ ਹੈ ਜਿਨ੍ਹਾਂ ਨੇ ਸਕੂਲ ਵਿੱਚ ਹੀ ਮਾਹਿਰ ਡਾਕਟਰ ਬੁਲਾ ਕੇ ਉਨ੍ਹਾਂ ਦੇ ਬੱਚਿਆਂ ਦਾ ਸਰੀਰਕ ਚੈੱਕਅਪ ਕਰਵਾਇਆ ਹੈ। ਇਸ ਮੌਕੇ ਇਹਨਾਂ ਤੋਂ ਇਲਾਵਾ ਮੈਡਮ ਪ੍ਰੀਤੀ ਰਾਵਤ, ਕਮਲਪ੍ਰੀਤ ਕੌਰ, ਦੀਪੂ ਕੌਰ, ਸਤਨਾਮ ਸਿੰਘ ਆਦਿ ਹਾਜ਼ਰ ਸਨ।